ਰਾਗੁ ਪ੍ਰਭਾਤੀ ਮਹਲਾ ੩ ਚਉਪਦੇ ੴ ਸਤਿਗੁਰ ਪ੍ਰਸਾਦਿ ॥ ਗੁਰਮੁਖਿ ਵਿਰਲਾ ਕੋਈ ਬੂਝੈ ਸਬਦੇ ਰਹਿਆ ਸਮਾਈ ॥ ਨਾਮਿ ਰਤੇ ਸਦਾ ਸੁਖੁ ਪਾਵੈ ਸਾਚਿ ਰਹੈ ਲਿਵ ਲਾਈ ॥ ੧॥ ਹਰਿ ਹਰਿ ਨਾਮੁ ਜਪਹੁ ਜਨ ਭਾਈ ॥ ਗੁਰ ਪ੍ਰਸਾਦਿ ਮਨੁ ਅਸਥਿਰੁ ਹੋਵੈ ਅਨਦਿਨੁ ਹਰਿ ਰਸਿ ਰਹਿਆ ਅਘਾਈ ॥੧॥ ਰਹਾਉ ॥ ਅਨਦਿਨੁ ਭਗਤਿ ਕਰਹੁ ਦਿਨੁ ਰਾਤੀ ਇਸੁ ਜੁਗ ਕਾ ਲਾਹਾ ਭਾਈ ॥ ਸਦਾ ਜਨ ਨਿਰਮਲ ਮੈਲੁ ਨ ਲਾਗੈ ਸਚਿ ਨਾਮਿ ਚਿਤੁ ਲਾਈ ॥ ੨॥ ਸੁਖੁ ਸੀਗਾਰੁ ਸਤਿਗੁਰੂ ਦਿਖਾਇਆ ਨਾਮਿ ਵਡੀ ਵਡਿਆਈ ॥ ਅਖੁਟ ਭੰਡਾਰ ਭਰੇ ਕਦੇ ਤੋਟਿ ਨ ਆਵੈ ਸਦਾ ਹਰਿ ਸੇਵਹੁ ਭਾਈ ॥੩॥ ਆਪੇ ਕਰਤਾ ਜਿਸ ਨੋ ਦੇਵੈ ਤਿਸੁ ਵਸੈ ਮਨਿ ਆਈ ॥ ਨਾਨਕ ਨਾਮੁ ਧਿਆਇ ਸਦਾ ਤੂ ਸਤਿਗੁਰਿ ਦੀਆ ਦਿਖਾਈ ॥੪॥੧॥ {ਪੰਨਾ 1332-1333}

ਪਦ ਅਰਥ:- ਗੁਰਮੁਖਿ—ਗੁਰੂ ਦੇ ਸਨਮੁਖ ਰਹਿ ਕੇ। ਬੂਝੈ—ਸਮਝਦਾ ਹੈ (ਇਕ-ਵਚਨ)। ਸਬਦੇ—ਗੁਰੂ ਦੇ ਸ਼ਬਦ ਦੀ ਰਾਹੀਂ। ਰਹਿਆ ਸਮਾਈ—(ਸਭ ਵਿਚ) ਵਿਆਪਕ ਹੈ। ਨਾਮਿ—ਨਾਮ ਵਿਚ। ਪਾਵੈ—ਹਾਸਲ ਕਰਦਾ ਹੈ। ਸਾਚਿ—ਸਦਾ-ਥਿਰ ਰਹਿਣ ਵਾਲੇ ਪਰਮਾਤਮਾ ਵਿਚ। ਰਹੈ ਲਾਈ—ਲਾਇ ਰਹੈ, ਲਾਈ ਰੱਖਦਾ ਹੈ।1।

ਜਨ ਭਾਈ—ਹੇ ਜਨੋ! ਹੇ ਭਰਾਵੋ! ਪ੍ਰਸਾਦਿ—ਕਿਰਪਾ ਨਾਲ। ਅਸਥਿਰੁ—ਅਡੋਲ। ਅਨਦਿਨੁ—ਹਰ ਰੋਜ਼। ਰਸਿ—ਰਸ ਨਾਲ। ਰਹਿਆ ਅਘਾਈ—ਰੱਜਿਆ ਰਹਿੰਦਾ ਹੈ।1।

ਇਸੁ ਜੁਗ ਕਾ—ਇਸ ਮਨੁੱਖਾ ਜੀਵਨ ਦਾ। ਲਾਹਾ—ਲਾਭ। ਨਿਰਮਲ—ਪਵਿੱਤਰ ਜੀਵਨ ਵਾਲੇ। ਸਚਿ—ਸਦਾ-ਥਿਰ ਹਰੀ ਵਿਚ। ਨਾਮਿ—ਨਾਮ ਵਿਚ। ਸਚਿ ਨਾਮਿ—ਸਦਾ-ਥਿਰ ਹਰਿ-ਨਾਮ ਵਿਚ।2।

ਸੀਗਾਰੁ—ਗਹਿਣਾ, (ਆਤਮਕ ਜੀਵਨ ਲਈ) ਗਹਿਣਾ। ਅਖੁਟ—ਕਦੇ ਨਾਹ ਮੁੱਕਣ ਵਾਲੇ। ਭੰਡਾਰ—ਖ਼ਜ਼ਾਨੇ।3।

ਆਪੇ—ਆਪ ਹੀ। ਜਿਸ ਨੋ—(ਸੰਬੰਧਕ 'ਨੋ' ਦੇ ਕਾਰਨ ਲਫ਼ਜ਼ 'ਜਿਸੁ' ਦਾ ੁ ਉੱਡ ਗਿਆ ਹੈ)। ਤਿਸੁ ਮਨਿ—ਉਸ (ਮਨੁੱਖ) ਦੇ ਮਨ ਵਿਚ। ਸਤਿਗੁਰਿ—ਸਤਿਗੁਰੂ ਨੇ।4।

ਅਰਥ:- ਹੇ ਭਾਈ ਜਨੋ! ਸਦਾ ਪਰਮਾਤਮਾ ਦਾ ਨਾਮ ਜਪਿਆ ਕਰੋ। (ਨਾਮ ਜਪਣ ਦੀ ਰਾਹੀਂ) ਗੁਰੂ ਦੀ ਕਿਰਪਾ ਨਾਲ (ਮਨੁੱਖ ਦਾ) ਮਨ (ਮਾਇਆ ਦੇ ਹੱਲਿਆਂ ਦੇ ਟਾਕਰੇ ਤੇ) ਅਡੋਲ ਰਹਿੰਦਾ ਹੈ। ਹਰਿ-ਨਾਮ ਦੇ ਸੁਆਦ ਦੀ ਬਰਕਤਿ ਨਾਲ (ਮਨੁੱਖ) ਹਰ ਵੇਲੇ (ਮਾਇਆ ਦੇ ਲਾਲਚ ਵਲੋਂ) ਰੱਜਿਆ ਰਹਿੰਦਾ ਹੈ।1। ਰਹਾਉ।

ਹੇ ਭਾਈ! ਕੋਈ ਵਿਰਲਾ ਮਨੁੱਖ ਗੁਰੂ ਦੇ ਸਨਮੁਖ ਰਹਿ ਕੇ ਗੁਰੂ ਦੇ ਸ਼ਬਦ ਦੀ ਰਾਹੀਂ (ਇਹ) ਸਮਝ ਲੈਂਦਾ ਹੈ ਕਿ ਪਰਮਾਤਮਾ ਸਭ ਥਾਈਂ ਵਿਆਪਕ ਹੈ। ਪਰਮਾਤਮਾ ਦੇ ਨਾਮ ਵਿਚ ਰੱਤਾ ਰਹਿ ਕੇ (ਮਨੁੱਖ) ਸਦਾ ਆਤਮਕ ਆਨੰਦ ਮਾਣਦਾ ਹੈ, ਸਦਾ ਕਾਇਮ ਰਹਿਣ ਵਾਲੇ ਪ੍ਰਭੂ ਵਿਚ ਸੁਰਤਿ ਜੋੜੀ ਰੱਖਦਾ ਹੈ।1।

ਹੇ ਭਾਈ! ਦਿਨ ਰਾਤ ਹਰ ਵੇਲੇ ਪਰਮਾਤਮਾ ਦੀ ਭਗਤੀ ਕਰਦੇ ਰਹੋ। ਇਹੀ ਹੈ ਇਸ ਮਨੁੱਖਾ ਜੀਵਨ ਦਾ ਲਾਭ। (ਭਗਤੀ ਕਰਨ ਵਾਲੇ) ਮਨੁੱਖ ਸਦਾ ਪਵਿੱਤਰ ਜੀਵਨ ਵਾਲੇ ਹੋ ਜਾਂਦੇ ਹਨ। ਜਿਹੜਾ ਮਨੁੱਖ ਸਦਾ-ਥਿਰ ਹਰਿ-ਨਾਮ ਵਿਚ ਚਿੱਤ ਜੋੜਦਾ ਹੈ (ਉਸ ਦੇ ਮਨ ਨੂੰ ਵਿਕਾਰਾਂ ਦੀ) ਮੈਲ ਨਹੀਂ ਲੱਗਦੀ।2।

ਹੇ ਭਾਈ! ਆਤਮਕ ਆਨੰਦ (ਮਨੁੱਖਾ ਜੀਵਨ ਵਾਸਤੇ ਇਕ) ਗਹਿਣਾ ਹੈ। (ਜਿਸ ਮਨੁੱਖ ਨੂੰ) ਗੁਰੂ ਨੇ (ਇਹ ਗਹਿਣਾ) ਵਿਖਾ ਦਿੱਤਾ, ਉਸ ਨੇ ਹਰਿ-ਨਾਮ ਵਿਚ ਜੁੜ ਕੇ (ਲੋਕ ਪਰਲੋਕ ਦੀ) ਇੱਜ਼ਤ ਖੱਟ ਲਈ। ਹੇ ਭਾਈ! ਸਦਾ ਪ੍ਰਭੂ ਦੀ ਸੇਵਾ-ਭਗਤੀ ਕਰਦੇ ਰਹੋ (ਸਦਾ ਭਗਤੀ ਕਰਦੇ ਰਿਹਾਂ ਇਹ) ਕਦੇ ਨਾਹ ਮੁੱਕਣ ਵਾਲੇ ਖ਼ਜ਼ਾਨੇ (ਮਨੁੱਖ ਦੇ ਅੰਦਰ) ਭਰੇ ਰਹਿੰਦੇ ਹਨ, (ਇਹਨਾਂ ਖ਼ਜ਼ਾਨਿਆਂ ਵਿਚ) ਕਦੇ ਕਮੀ ਨਹੀਂ ਹੁੰਦੀ।3।

ਪਰ, ਹੇ ਭਾਈ! ਇਹ ਨਾਮ-ਖ਼ਜ਼ਾਨਾ ਜਿਸ ਮਨੁੱਖ ਨੂੰ ਕਰਤਾਰ ਆਪ ਹੀ ਦੇਂਦਾ ਹੈ, ਉਸ ਦੇ ਮਨ ਵਿਚ ਆ ਵੱਸਦਾ ਹੈ। ਹੇ ਨਾਨਕ! ਤੂੰ ਸਦਾ ਹਰਿ-ਨਾਮ ਸਿਮਰਦਾ ਰਹੁ। (ਭਗਤੀ-ਸਿਮਰਨ ਦਾ ਇਹ ਰਸਤਾ) ਗੁਰੂ ਨੇ (ਹੀ) ਵਿਖਾਇਆ ਹੈ (ਇਹ ਰਸਤਾ ਗੁਰੂ ਦੀ ਰਾਹੀਂ ਹੀ ਲੱਭਦਾ ਹੈ)।4।1।